# ਪ੍ਰੈਸ ਨੋਟ

ਆਈ.ਜੀ. ਪੀ ਫਰੀਦਕੋਟ ਅਤੇ ਐਸ.ਐਸ.ਪੀ ਵੱਲੋਂ ਗਣਤੰਤਰ ਦਿਵਸ ਦੇ ਮੱਦੇ ਨਜ਼ਰ ਕੱਢਿਆ ਗਿਆ ਫਲੈਗ ਮਾਰਚ ਅਤੇ ਰੇਲਵੇ ਸਟੇਸ਼ਨ ਤੇ ਚਲਾਇਆ ਸਰਚ ਅਭਿਆਨ।

26 ਜਨਵਰੀ ਦੇ ਸਬੰਧ ਵਿੱਚ ਜਿਲ੍ਹਾ ਅੰਦਰ ਕੀਤੇ ਗਏ ਹਨ ਸਖਤ ਸੁਰੱਖਿਆ ਪ੍ਰਬੰਧ: ਆਈ.ਜੀ ਗੁਰਸ਼ਰਨ ਸਿੰਘ ਸੰਧੂ

ਸ੍ਰੀ ਮੁਕਤਸਰ ਸਾਹਿਬ (            ) ਮਾਨਯੋਗ ਸ.ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਅਤੇ ਸ੍ਰੀ ਗੋਰਵ ਯਾਦਵ ਆਈ.ਪੀ.ਐਸ. ਡੀ.ਜੀ.ਪੀ ਪੰਜਾਬ ਦੀਆਂ ਹਦਾਇਤਾ ਤਹਿਤ ਸ.ਗੁਰਸ਼ਰਨ ਸਿੰਘ ਸੰਧੂ ਆਈ.ਪੀ.ਐਸ ਆਈ.ਜੀ.ਪੀ ਫਰੀਦਕੋਟ ਰੇਂਜ ਫਰੀਦਕੋਟ ਦੀ ਨਿਗਰਾਨੀ ਹੇਠ ਸ੍ਰੀ ਭਾਗੀਰਥ ਸਿੰਘ ਮੀਨਾ ਆਈ.ਪੀ.ਐਸ. ਐਸ.ਐਸ.ਪੀ ਸ੍ਰੀ ਮੁਕਤਸਰ ਸਾਹਿਬ ਵੱਲੋਂ 26 ਜਨਵਰੀ ਗਣਤੰਤਰ ਦਿਵਸ ਦੇ ਮੱਦੇ ਨਜ਼ਰ ਜਿਲ੍ਹਾ ਅੰਦਰ ਸਖਤ ਸੁਰੱਖਿਆ ਪ੍ਰਬੰਧ ਕੀਤੇ ਗਏ ਹਨ ਜਿਸ ਤਹਿਤ ਪੁਲਿਸ ਦੀਆਂ ਅਲੱਗ ਅਲੱਗ ਟੁਕੜੀਆ ਬਣਾ ਕੇ ਨਾਕਾ ਬੰਦੀ ਕਰ ਸ਼ੱਕੀ ਵਹੀਕਲਾਂ, ਸ਼ੱਕੀ ਪੁਰਸ਼ਾਂ ਦੀ ਸਰਚ ਕੀਤੀ ਜਾ ਰਹੀ ਹੈ ਉੱਥੇ ਨਾਲ ਹੀ ਪੁਲਿਸ ਟੀਮਾਂ ਵੱਲੋਂ ਬੱਸ ਸਟੈਂਡ, ਰੇਲਵੇ ਸ਼ਟੇਸ਼ਨਾਂ, ਹੋਟਲਾ, ਰੈਸਟੋਰੈਟ ਅਤੇ ਢਾਬਿਆ ਅੰਦਰ ਤਲਾਸ਼ੀ ਕੀਤੀ ਜਾ ਰਹੀ ਹੈ ਇਸੇ ਨੂੰ ਮੁੱਖ ਰੱਖਦਿਆ ਜ਼ਿਲਾ ਅੰਦਰ ਵੱਖ-ਵੱਖ ਥਾਵਾਂ ਤੇ ਪੁਲਿਸ ਵੱਲੋਂ ਫਲੈਗ ਮਾਰਚ ਕੱਢਿਆ ਗਿਆ ਤੇ ਬੱਸ ਸਟੈਂਡ ਤੇ ਰੇਲਵੇ ਸਟੇਸ਼ਨਾਂ ਤੇ ਸਰਚ ਅਭਿਆਨ ਚਲਾਇਆ ਗਿਆ ਇਸੇ ਤਹਿਤ ਅੱਜ ਸ.ਗੁਰਸ਼ਰਨ ਸਿੰਘ ਸੰਧੂ ਆਈ.ਜੀ ਫਰੀਦਕੋਟ ਰੇਂਜ ਫਰੀਦਕੋਟ ਅਤੇ ਸ੍ਰੀ ਭਾਗੀਰਥ ਸਿੰਘ ਮੀਨਾ ਆਈ.ਪੀ.ਐਸ. ਐਸ.ਐਸ.ਪੀ ਸ੍ਰੀ ਮੁਕਤਸਰ ਸਾਹਿਬ ਦੀ ਅਗਵਾਈ ਵਿੱਚ ਸ੍ਰੀ ਮੁਕਤਸਰ ਸਾਹਿਬ ਵਿਖੇ ਫਲੈਗ ਮਾਰਚ ਕੱਢਿਆ ਗਿਆ ਇਹ ਫਲੈਗ ਮਾਰਚ ਕੋਟਕਪੂਰਾ ਚੌਂਕ ਸ੍ਰੀ ਮੁਕਤਸਰ ਸਾਹਿਬ ਤੋਂ ਸ਼ੁਰੂ ਹੋ ਕੇ, ਥਾਣਾ ਸਿਟੀ, ਮਸੀਦ ਵਾਲਾ ਚੌਂਕ ਤੋਂ ਹੁੰਦੇ ਹੋਏ ਰੇਲਵੇ ਸਟੇਸ਼ਨ ਸ੍ਰੀ ਮੁਕਤਸਰ ਸਾਹਿਬ ਵਿਖੇ ਸਮਾਪਤ ਹੋਇਆ। ਉਪਰੰਤ ਰੇਲਵੇ ਸਟੇਸ਼ਨ ਤੇ ਪੁਲਿਸ ਵੱਲੋਂ ਸਰਚ ਅਭਿਆਨ ਚਲਾਇਆ ਗਿਆ। ਇਸ ਮੌਕੇ ਸ.ਸਤਨਾਮ ਸਿੰਘ ਡੀ.ਐਸ.ਪੀ (ਸ੍ਰੀ ਮੁਕਤਸਰ ਸਾਹਿਬ), ਸ.ਅਮਰੀਕ ਸਿੰਘ ਡੀ.ਐਸ.ਪੀ (ਹੋਮੀਸਾਇਡ ਐਂਡ ਫੋਰੈਂਸਿਕ), ਸ੍ਰੀ ਸਜੀਵ ਗੋਇਲ ਡੀ.ਐਸ.ਪੀ (ਐਨ.ਡੀ.ਪੀ.ਐਸ) , ਮੁੱਖ ਅਫਸਰਾਨ ਥਾਣਾ ਤੋਂ ਇਲਾਵਾ 125 ਦੇ ਕਰੀਬ ਪੁਲਿਸ ਅਧਿਕਾਰੀ ਅਤੇ ਕ੍ਰਮਚਾਰੀ ਹਾਜ਼ਰ ਸਨ।

ਇਸ ਮੌਕੇ ਸ.ਗੁਰਸ਼ਰਨ ਸਿੰਘ ਸੰਧੂ ਆਈ.ਪੀ.ਐਸ ਆਈ.ਜੀ ਫਰੀਦਕੋਟ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ 26 ਜਨਵਰੀ ਗਣਤੰਤਰਤਾ ਦਿਵਸ ਦੇ ਮੱਦੇ ਨਜ਼ਰ ਜ਼ਿਲਾ ਅੰਦਰ ਸਖਤ ਸੁਰੱਖਿਆ ਪ੍ਰਬੰਧ ਕੀਤੇ ਗਏ ਹਨ ਜਿਸ ਤਹਿਤ ਲੋਕਾਂ ਅੰਦਰ ਸਦਭਾਵਨਾ ਬਣਾਈ ਰੱਖਣ ਦੇ ਲਈ ਅਤੇ ਸ਼ਰਾਰਤੀ ਅੰਨਸਰਾਂ ਤੇ ਨਕੇਲ ਕਸਨ ਲਈ ਜਿਲਾ ਸ੍ਰੀ ਮੁਕਤਸਰ ਸਾਹਿਬ ਦੀਆਂ ਸਬ ਡਿਵੀਜ਼ਨ ਲੰਬੀ , ਮਲੋਟ, ਸ੍ਰੀ ਮੁਕਤਸਰ ਸਾਹਿਬ ਅਤੇ ਗਿੱਦੜਬਾਹਾ ਵਿਖੇ ਪੁਲਿਸ ਦੀਆਂ ਵੱਖ ਵੱਖ ਟੀਮਾਂ ਬਣਾ ਕੇ ਫਲੈਗ ਮਾਰਚ ਕੱਢਿਆ ਗਿਆ ਫਲੈਗ ਮਾਰਚ ਉਪਰੰਤ ਸ਼ੱਕੀ ਪੁਰਸ਼ਾਂ ਦੇ ਸਬੰਧ ਵਿੱਚ ਬੱਸ ਸਟੈਂਡ , ਰੇਲਵੇ ਸਟੇਸ਼ਨਾਂ ਤੇ ਸਰਚ ਅਭਿਆਨ ਚਲਾਇਆ ਗਿਆ। ਉਹਨਾਂ ਕਿਹਾ ਕਿ ਕਿਸੇ ਵੀ ਸ਼ਰਾਰਤੀ ਅੰਨਸਰ ਨੂੰ ਬਖਸ਼ਿਆ ਨਹੀਂ ਜਾਵੇਗਾ। ਉਹਨਾਂ ਲੋਕਾਂ ਨੂੰ ਅਪੀਲ ਕੀਤੀ ਕਿ ਜੇਕਰ ਕਿਸੇ ਵਿਅਕਤੀ ਨੇ ਕੋਈ ਜਾਣਕਾਰੀ ਸਾਡੇ ਨਾਲ ਸਾਂਝੀ ਕਰਨੀ ਹੋਵੇ ਤਾਂ ਪੁਲਿਸ ਹੈਲਪਲਾਈਨ ਨੰਬਰ 80549-42100 ਤੇ ਸੰਪਰਕ ਕਰ ਸਕਦਾ ਹੈ। ਜਾਣਕਾਰੀ ਦੇਣ ਵਾਲੇ ਦਾ ਨਾਮ ਗੁਪਤ ਰੱਖਿਆ ਜਾਵੇਗਾ।